# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :08-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤੀ ਏ.ਆਈ. ਸਟਾਰਟਅੱਪਸ ਨਾਲ ਇੱਕ ਮੀਟਿੰਗ ਕੀਤੀ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਆਮ ਲੋਕਾਂ ਦੀ ਆਵਾਜ਼ ਏ।
- ਖੇਤੀਬਾੜੀ-ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਦੋ ਪੁਰਸਕਾਰਾਂ ਨਾਲ ਸਨਮਾਨਿਤ ਹੋਇਆ।
- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ 852 ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ 17 ਕਰੋੜ 44 ਲੱਖ ਰੁਪਏ ਤੋਂ ਵੱਧ ਫੰਡ ਜਾਰੀ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਰਾਜਸਥਾਨ ਅਤੇ ਦਿੱਲੀ ਵਿੱਚ ਅੱਜ ਲਈ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦਾ ORANGE ALERT ਜਾਰੀ ਕੀਤਾ ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਆਪਣੇ ਨਿਵਾਸ ਸਥਾਨ ਵਿਖੇ ਭਾਰਤੀ ਏ.ਆਈ. ਸਟਾਰਟਅੱਪਸ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ। ਭਾਰਤ ਵਿੱਚ ਅਗਲੇ ਮਹੀਨੇ ਹੋਣ ਵਾਲੇ ਇੰਡੀਆ ਏ.ਆਈ ਇਮਪੈਕਟ ਸਮਿਟ 2026 ਤੋਂ ਪਹਿਲਾਂ, ਸਾਰਿਆਂ ਲਈ ਏਆਈ: ਗਲੋਬਲ ਇਮਪੈਕਟ ਚੈਲੇਂਜ ਲਈ ਕੁਆਲੀਫਾਈ ਕਰਨ ਵਾਲੇ, 12 ਭਾਰਤੀ ਏਆਈ ਸਟਾਰਟਅੱਪਸ, ਇਸ ਮੀਟਿੰਗ ਵਿੱਚ ਸ਼ਾਮਲ ਹੋਏ। ਇਸ ਦੌਰਾਨ, ਉਨ੍ਹਾਂ ਨੇ ਆਪਣੇ ਵਿਚਾਰ ਅਤੇ ਕਾਰਜ ਯੋਜਨਾ ਪੇਸ਼ ਕੀਤੀ। ਇਹ ਸਟਾਰਟਅੱਪਜ਼, ਭਾਰਤੀ ਭਾਸ਼ਾ ਫਾਊਂਡੇਸ਼ਨ ਮਾਡਲ, ਈ-ਕਾਮਰਸ ਲਈ ਜਨਰੇਟਿਵ ਏਆਈ ਦੀ ਵਰਤੋਂ ਕਰਕੇ 3D ਸਮੱਗਰੀ ਬਣਾਉਣਾ, ਮਾਰਕੀਟਿੰਗ ਅਤੇ ਵਿਅਕਤੀਗਤ ਸਮੱਗਰੀ ਬਣਾਉਣਾ, ਇੰਜੀਨੀਅਰਿੰਗ ਸਿਮੂਲੇਸ਼ਨ ਅਤੇ ਮੈਡੀਕਲ ਖੋਜ ਸਮੇਤ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰ ਰਹੇ ਨੇ। ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਨੇ ਸਮਾਜ ਵਿੱਚ ਬਦਲਾਅ ਲਿਆਉਣ ਵਿੱਚ, ਆਰਟੀਫੀਸ਼ੀਅਲ ਇੰਟੈਲੀਜੈਂਸ, AI ਦੀ ਮਹੱਤਤਾ ਦਾ ਜ਼ਿਕਰ ਕੀਤਾ। ਸ਼੍ਰੀ ਮੋਦੀ ਨੇ ਕਿਹਾ ਕਿ

ਸਟਾਰਟਅੱਪ ਅਤੇ ਏਆਈ ਉੱਦਮੀ ਭਾਰਤ ਦੇ ਭਵਿੱਖ ਦੇ ਸਹਿ-ਨਿਰਮਾਤਾ ਨੇ। ਉਨ੍ਹਾਂ ਕਿਹਾ ਕਿ ਭਾਰਤ ਨੂੰ ਦੁਨੀਆ ਲਈ ਇੱਕ ਸ਼ਾਨਦਾਰ ਏਆਈ ਮਾਡਲ ਪੇਸ਼ ਕਰਨਾ ਚਾਹੀਦਾ ਏ, ''ਜੋ ਮੇਕ ਇਨ ਇੰਡੀਆ, ਮੇਡ ਫਾਰ ਦ ਵਰਲਡ ਦੀ ਭਾਵਨਾ'' ਨੂੰ ਦਰਸਾਉਂਦਾ ਹੋਵੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਟਾਰਟਅੱਪਸ ਨੂੰ ਭਾਰਤ ਵੱਲੋਂ ਆਲਮੀ ਲੀਡਰਸ਼ਿਪ ਵੱਲ ਵੀ ਕੰਮ ਕਰਨਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਭਾਰਤ, ਆਲਮੀ ਪੱਧਰ 'ਤੇ ਕਿਫਾਇਤੀ ਅਤੇ ਸਮਾਵੇਸ਼ੀ ਏਆਈ ਨੂੰ ਉਤਸ਼ਾਹਿਤ ਕਰ ਸਕਦਾ ਏ।

-----------------------------------------------------------

ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਆਮ ਲੋਕਾਂ ਦੀ ਆਵਾਜ਼ ਏ । ਇਸ ਵਿੱਚ ਲੋਕਾਂ ਲਈ ਕੰਮ ਕਰਨ ਦੇ ਦਿਨਾਂ ਨੂੰ 100 ਦਿਨ ਤੋਂ ਵਧਾ ਕੇ 125 ਕਰ ਦਿੱਤਾ ਗਿਆ ਏ । ਅੱਜ ਜਲੰਧਰ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਮਹਾਤਮਾ ਗਾਂਧੀ ਨਰੇਗਾ ਦਾ ਨਾਮ ਬਦਲ ਕੇ ਜੀ ਰਾਮ ਜੀ ਕਰਨ ਦਾ ਵਿਰੋਧ ਗਲਤ ਏ । ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੇ ਨਾਮ ਦਾ ਬਦਲ ਹੋ ਹੀ ਨਹੀਂ ਸਕਦਾ ਗਾਂਧੀ ਜੀ ਦੀ ਸੋਚ ਸੀ ਕਿ ਹਿੰਦੁਸਤਾਨ ਪਿੰਡਾਂ ਵਿੱਚ ਵੱਸਦਾ ਏ ਉਸੇ ਵਿਚਾਰ ਤੇ ਚੱਲਦੇ ਹਾਂ ਜੀ ਰਾਮ ਜੀ ਯੋਜਨਾ 'ਚ ਕੰਮ ਦੇ ਦਿਨਾਂ ਨੂੰ ਵਧਾ ਕੇ 125 ਕੀਤਾ ਗਿਆ ਏ ।

BYTE

ਸ੍ਰੀ ਜਾਖੜ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਆਪਣੇ ਇਸ਼ਤਿਹਾਰਾਂ ਦੇ ਕਰੋੜਾਂ ਰੁਪਏ ਦੇ ਬਜਟ ਨੂੰ ਘੱਟ ਕਰਕੇ ਗਰੀਬਾਂ ਬਾਰੇ ਸੋਚੇ, ਤਾਂ ਜੀ ਰਾਮ ਜੀ ਯੋਜਨਾ ਵਿੱਚ ਕੇਂਦਰ ਅਤੇ ਰਾਜ ਸਰਕਾਰ ਦੇ ਫੰਡ ਦਾ 60-40 ਦਾ ਅਨੁਪਾਤ ਪੂਰਾ ਕੀਤਾ ਜਾ ਸਕਦਾ ਏ। ਇਸ ਦੌਰਾਨ ਕੇਂਦਰ ਸਰਕਾਰ ਵੱਲੋਂ ਮਨਰੇਗਾ ਵਿੱਚ ਕੀਤੇ ਗਏ ਬਦਲਾਵਾਂ ਦੇ ਵਿਰੋਧ ਵਿੱਚ, ਕਾਂਗਰਸ ਪਾਰਟੀ ਨੇ ਅੱਜ ਗੁਰਦਾਸਪੁਰ ਦੇ ਦਾਣਾ ਮੰਡੀ ਵਿਖੇ ਸੂਬਾ ਪੱਧਰੀ ਮਨਰੇਗਾ ਬਚਾਓ ਸੰਗਰਾਮ ਰੈਲੀ ਕੀਤੀ ।

---------------------------------------------------------

ਪੰਜਾਬ ਵਿੱਚ ਵੱਧ ਰਹੇ ਅਪਰਾਧ ਬਾਰੇ ਬੋਲਦਿਆਂ ਸ੍ਰੀ ਜਾਖੜ ਨੇ ਕਿਹਾ ਕਿ ਨਵੇਂ ਸਾਲ ਦੇ ਪਹਿਲੇ ਹਫਤੇ ਵਿੱਚ ਹੀ ਸੂਬੇ ਵਿੱਚ ਨੌ ਕਤਲ ਹੋਏ ਹਨ ਉਹਨਾਂ ਕਿਹਾ ਕਿ ਇਹ ਗੈਂਗਸਟਰਾਂ ਵੱਲੋਂ ਮੁੱਖ ਮੰਤਰੀ ਨੂੰ ਚੈਲੇਂਜ ਏ।

BYTE

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਕੱਲ ਦੂਸਰੇ ਗੇੜ ਨੂੰ ਸ਼ੁਰੂ ਕਰਨ ਬਾਰੇ ਬੋਲਦਿਆਂ ਸ੍ਰੀ ਜਾਖੜ ਨੇ ਕਿਹਾ

BYTE

---------------------------------------------------------

ਪੰਜਾਬ ਨੂੰ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਯੋਜਨਾ ਅਧੀਨ ਪ੍ਰੋਜੈਕਟਾਂ

ਨੂੰ ਵਧੀਆ ਢੰਗ ਨਾਲ ਲਾਗੂਕਰਨ ਅਤੇ ਪ੍ਰਭਾਵਸ਼ਾਲੀ ਨਿਗਰਾਨੀ ਲਈ ਦੋ ਵੱਕਾਰੀ ਅਵਾਰਡਾਂ ਨਾਲ ਸਨਮਾਨਿਤ ਕੀਤਾ ਗਿਆ ਏ। ਇਸ ਬਾਰੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਦੱਸਿਆ ਕਿ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਵੱਲੋਂ ਚੰਡੀਗੜ੍ਹ ਵਿਖੇ ਆਯੋਜਿਤ ਇਕ ਖੇਤਰੀ ਕਾਨਫਰੰਸ ਦੌਰਾਨ ਪੰਜਾਬ ਨੂੰ 'ਬੈਸਟ ਪਰਫਾਰਮਿੰਗ ਸਟੇਟ' ਅਤੇ 'ਬੈਸਟ ਸਟੇਟ ਪ੍ਰੋਜੈਕਟ ਮੋਨੀਟੀਰਿੰਗ ਯੂਨਿਟ' ਵੱਜੋਂ ਅਵਾਰਡ ਹਾਸਲ ਹੋਏ ਨੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸੂਬੇ ਦੀ ਖੇਤੀਬਾੜੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜਬੂਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਲਗਾਤਾਰ ਕੰਮ ਕਰ ਰਹੀ ਏ। ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਯੋਜਨਾ ਨੂੰ ਲਾਗੂ ਕਰਨ ਲਈ ਸੂਬਾ ਨੋਡਲ ਏਜੰਸੀ ਨੇ ਆਪਣੇ ਨਿਰੰਤਰ ਯਤਨਾਂ ਸਦਕਾ ਪੰਜਾਬ ਦੇ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਲਈ ਰਾਸ਼ਟਰੀ ਮਾਨਤਾ ਪ੍ਰਾਪਤ ਕੀਤੀ ਏ। ਉਨ੍ਹਾਂ ਦੱਸਿਆ ਕਿ 31 ਦਸੰਬਰ, 2025 ਤੱਕ ਪੰਜਾਬ ਵਿੱਚ ਕੁੱਲ 31 ਹਜ਼ਾਰ 76 ਪ੍ਰੋਜੈਕਟਾਂ ਨੂੰ AIF ਯੋਜਨਾ ਤਹਿਤ ਮਨਜ਼ੂਰੀ ਦਿੱਤੀ ਗਈ ਏ ਜਿਨ੍ਹਾਂ ਵਿੱਚ 11 ਹਜ਼ਾਰ 270 ਕਰੋੜ ਦਾ ਨਿਵੇਸ਼ ਸ਼ਾਮਲ ਏ। ਉਨ੍ਹਾਂ ਕਿਹਾ ਕਿ ਇਹਨਾਂ ਪ੍ਰੋਜੈਕਟਾਂ ਲਈ ਵੱਖ ਵੱਖ ਬੈਂਕਾਂ ਵੱਲੋਂ 7 ਹਜ਼ਾਰ 221 ਕਰੋੜ ਦੇ ਕਰਜ਼ੇ ਵੀ ਮਨਜ਼ੂਰ ਕੀਤੇ ਗਏ ਨੇ। ਖੇਤੀਬਾੜੀ ਬੁਨਿਆਦੀ ਢਾਂਚਾ ਫੰਡ

ਯੋਜਨਾ  ਦੇ ਫਾਇਦਿਆਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ 7 ਸਾਲਾਂ ਦੀ ਮਿਆਦ ਲਈ  2 ਕਰੋੜ ਤੱਕ ਦੇ ਕਰਜ਼ਿਆਂ 'ਤੇ 3 ਫੀਸਦੀ ਵਿਆਜ 'ਤੇ ਸਹਾਇਤਾ ਦਿੱਤੀ ਜਾਂਦੀ ਏ  । ਇਸ ਯੋਜਨਾ ਅਧੀਨ ਕਰਜ਼ਿਆ ਦੀ ਵਿਆਜ਼ ਦਰ 9 ਫੀਸਦੀ ਤੱਕ ਸੀਮਤ ਏ ।
ਇਹ ਪੁਰਸਕਾਰ ਬਾਗਬਾਨੀ ਡਾਇਰੈਕਟਰ ਅਤੇ ਸਟੇਟ ਨੋਡਲ ਅਫਸਰ ਸ਼ੈਲੇਂਦਰ ਕੌਰ ਨੇ ਤੇ ਅਵਾਰਡ ਟੀਮ ਲੀਡਰ ਰਵਦੀਪ ਕੌਰ ਅਤੇ ਸਟੇਟ ਪ੍ਰੋਜੈਕਟ ਨਿਗਰਾਨੀ ਯੂਨਿਟ ਸਲਾਹਕਾਰ ਯੁਵਰਾਜ ਔਲਖ, ਵੱਲੋਂ ਪ੍ਰਾਪਤ ਕੀਤੇ ਗਏ ।

---------------------------------------------------------

ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਸੂਬੇ ਦੇ 852 ਸਰਕਾਰੀ ਸਕੂਲਾਂ ਵਿੱਚ ਨਵੀਨੀਕਰਨ ਕਾਰਜਾਂ ਵਾਸਤੇ 17 ਕਰੋੜ 44 ਲੱਖ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਏ । ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਕਦਮ ਦਾ ਉਦੇਸ਼ ਅਕਾਦਮਿਕ ਵਿਕਾਸ ਲਈ ਵਿਦਿਆਰਥੀਆਂ ਨੂੰ ਉਸਾਰੂ ਅਤੇ ਢੁਕਵਾਂ ਮਾਹੌਲ ਉਪਲਬਧ ਕਰਵਾਉਣਾ ਏ । ਉਨ੍ਹਾਂ ਕਿਹਾ ਕਿ ਵਿਭਾਗ ਨੇ ਰਾਜ ਭਰ ਵਿੱਚ ਫੰਡਾਂ ਦੀ ਬਰਾਬਰ ਵੰਡ ਨੂੰ ਯਕੀਨੀ ਬਣਾਇਆ ਏ ।  ਸ੍ਰੀ ਬੈਂਸ ਨੇ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਸੈਕੰਡਰੀ) ਨੂੰ ਨਿਰਦੇਸ਼ ਦਿੱਤੇ  ਕਿ ਉਹ ਇਹ ਰਕਮ ਸਿੱਧੀ ਸਬੰਧਤ ਸਕੂਲ ਪ੍ਰਬੰਧਨ ਕਮੇਟੀਆਂ  ਦੇ ਬੈਂਕ ਖਾਤਿਆਂ ਵਿੱਚ

ਟਰਾਂਸਫਰ ਕਰਨ ਤਾਂ ਜੋ ਇਸ ਅਮਲ ਵਿੱਚ ਪਾਰਦਰਸ਼ਤਾ ਅਤੇ ਭਾਈਚਾਰਕ ਸ਼ਮੂਲੀਅਤ ਯਕੀਨੀ ਬਣਾਈ ਜਾ ਸਕੇ। ਇਸ ਪਹਿਲ ਨੂੰ ਸਾਰੇ ਸਕੂਲਾਂ ਵਿੱਚ ਮਿਆਰੀ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇੱਕ ਅਹਿਮ ਕਦਮ ਦੱਸਦਿਆਂ ਸ੍ਰੀ ਬੈਂਸ ਨੇ ਕਿਹਾ ਕਿ ਇੱਕ ਸਾਫ਼-ਸੁਥਰਾ ਅਤੇ ਸੰਗਠਿਤ ਸਕੂਲ ਵਾਤਾਵਰਣ ਬੱਚਿਆਂ ਦੀ ਇਕਾਗਰਤਾ ਅਤੇ ਸਿੱਖਣ- ਸਮਰੱਥਾ ਨੂੰ ਸਿੱਧੇ ਤੌਰ ’ਤੇ ਪ੍ਰਭਾਵਿਤ ਕਰਦਾ ਏ।

---

ਮਾਨਸਾ ਦੀ ਅਦਾਲਤ ਨੂੰ ਅੱਜ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ ਤੋਂ ਬਾਅਦ ਮਾਨਸਾ, ਸਰਦੂਲਗੜ੍ਹ, ਬੁਢਲਾਡਾ ਦੀਆਂ ਅਦਾਲਤਾਂ ਖਾਲੀ ਕਰਵਾ ਕੇ ਪੁਲੀਸ ਵਲੋਂ ਨਾਲ ਚੈਕਿੰਗ ਕੀਤੀ ਗਈ। ਡੀ.ਐਸ.ਪੀ ਪੁਸ਼ਪਿੰਦਰ ਸਿੰਘ ਨੇ ਦੱਸਿਆ ਕਿ ਜ਼ਿਲਾ ਸੈਸ਼ਨ ਜੱਜ ਮਾਨਸਾ ਨੂੰ ਈਮੇਲ ਰਾਹੀਂ ਬੰਬ ਸਬੰਧੀ ਧਮਕੀ ਮਿਲੀ ਸੀ। ਅਦਾਲਤੀ ਕੰਪਲੈਕਸ ਦੀ ਜਾਂਚ ਦੌਰਾਨ ਕਿਸੇ ਪਾਸੋਂ ਕੋਈ ਵੀ ਅਜਿਹੀ ਵਸਤੂ ਬਰਾਮਦ ਨਹੀਂ ਹੋਈ। ਉਨ੍ਹਾਂ ਕਿਹਾ ਕਿ ਈਮੇਲ ਕਿੱਥੋਂ ਆਈ ਤੇ ਕਿਸ ਵਿਅਕਤੀ ਨੇ ਇਹ ਮੇਲ ਭੇਜੀ, ਇਸ ਦੀ ਜਾਂਚ ਕੀਤੀ ਜਾ ਰਹੀ ਏ। ਪੁਲੀਸ ਨੇ ਸੂਚਨਾ ਦਿੱਤੀ ਕਿ ਜੇਕਰ ਅਦਾਲਤੀ ਕੰਪਲੈਕਸ ਦੇ ਇਰਦ ਗਿਰਦ ਕੋਈ ਸ਼ੱਕੀ ਵਿਅਕਤੀ ਜਾਂ ਸ਼ੱਕੀ ਵਸਤੂ ਨਜ਼ਰ ਆਉਂਦੀ ਏ ਤਾਂ ਤੁਰੰਤ ਪੁਲੀਸ ਨੂੰ ਇਸ ਦੀ

ਸੂਚਨਾ ਦਿੱਤੀ ਜਾਵੇ। ਓਧਰ ਰੋਪੜ ਅਦਾਲਤ ਕੰਪਲੈਕਸ ਨੂੰ ਵੀ ਅੱਜ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਰੋਪੜ ਦੇ ਐਸਐਸਪੀ ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਅਦਾਲਤ ਕੰਪਲੈਕਸ ਨੂੰ ਸਵੇਰੇ 10:30 ਵਜੇ ਦੇ ਕਰੀਬ ਈਮੇਲ ਰਾਹੀਂ ਇਹ ਧਮਕੀ ਮਿਲੀ।

BYTE

---------------------------------------------------------

ਸੜਕ ਹਾਦਸਿਆਂ ਨੂੰ ਰੋਕਣ ਅਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਸੜਕ ਸੁਰੱਖਿਆ ਮਹੀਨਾ-2026 ਮਨਾਇਆ ਜਾ ਰਿਹਾ ਏ। ਇਸ ਤਹਿਤ ਕਰਵਾਈਆਂ ਜਾ ਰਹੀਆਂ ਵੱਖ ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਪਟਿਆਲਾ ਤੋਂ ਟ੍ਰੈਫਿਕ ਪੁਲਿਸ ਦੇ DSP ਪੁਨੀਤ ਸਿੰਘ ਨੇ ਦਸਿਆ।

BYTE

---------------------------------------------------------

ਇਸੇ ਸਿਲਸਿਲੇ ਵਿਚ ਫ਼ਰੀਦਕੋਟ ਦੇ ਵਧੀਕ ਡਿਪਟੀ ਕਮਿਸ਼ਨਰ ਹਰਜੋਤ ਕੌਰ ਨੇ ਦੱਸਿਆ ਕਿ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ 31 ਜਨਵਰੀ ਤੱਕ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦੌਰਾਨ ਇਕ ਮੁਹਿੰਮ ਚਲਾ ਕੇ ਗੈਰ ਸਰਕਾਰੀ ਸੰਗਠਨਾਂ ਦੀ ਸਹਾਇਤਾ ਨਾਲ ਲੋਕਾਂ ਨੂੰ

ਰੈੱਡ ਲਾਈਟ ਦੀ ਪਾਲਣਾ, ਸ਼ਰਾਬ ਪੀ ਕੇ ਵਾਹਨ ਨਾ ਚਲਾਉਣ, ਸੀਟ ਬੈਲਟ ਅਤੇ ਰਿਫਲੈਕਟਰ ਦੀ ਵਰਤੋਂ ਸਬੰਧੀ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਕੌਮੀ ਸ਼ਾਹਰਾਹ ਅਤੇ ਲੋਕ ਨਿਰਮਾਣ ਵਿਭਾਗ ਦੇ ਨੁਮਾਇੰਦਿਆਂ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਸੜਕ ਸੁਰੱਖਿਆ ਨਾਲ ਸੰਬੰਧਿਤ ਗਤੀਵਿਧੀਆਂ ਨੂੰ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਸੜਕ ਸੁਰੱਖਿਆ ਜਾਗਰੂਕਤਾ ਰੈਲੀਆਂ, ਨੁੱਕੜ ਨਾਟਕਾਂ ਰਾਹੀਂ ਲੋਕਾਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਣੂ ਕਰਵਾਇਆ ਜਾਵੇਗਾ ਅਤੇ ਡਰਾਈਵਰਾਂ ਦਾ ਮੈਡੀਕਲ ਚੈਕਅੱਪ ਵੀ ਕਰਵਾਇਆ ਜਾਵੇਗਾ।

---------------------------------------------------------

ਸ੍ਰੀ ਮੁਕਤਸਰ ਸਾਹਿਬ ਨਗਰ ਕੌਂਸਲ ਵੱਲੋਂ ਵਿੱਚ ਸਫਾਈ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਲਈ ਸਵੱਛ ਭਾਰਤ ਮੁਹਿੰਮ ਤਹਿਤ ਇੱਕ ਨਵਾਂ ਅਭਿਆਨ “ਮੇਰਾ ਮੁਕਤਸਰ – ਮੇਰਾ ਮਾਣ” ਸ਼ੁਰੂ ਕੀਤਾ ਗਿਆ ਏ।
ਇਸ ਅਭਿਆਨ ਦਾ ਮਕਸਦ ਸ਼ਹਿਰ ਨੂੰ ਸਾਫ਼–ਸੁਥਰਾ, ਸਿਹਤਮੰਦ ਅਤੇ ਸੋਹਣਾ ਬਣਾਉਣਾ ਏ। ਸ਼ਹਿਰ ਵਿੱਚੋਂ ਕੂੜਾ ਚੁੱਕਣ ਲਈ, 17 ਛੋਟੇ ਟਿੱਪਰ ਤਾਇਨਾਤ ਕੀਤੇ ਗਏ ਨੇ, ਤਾਂ ਜੋ ਘਰਾਂ ਅਤੇ ਗਲੀਆਂ ਵਿੱਚ ਇਕੱਠਾ ਹੋ ਰਿਹਾ ਕੂੜਾ ਸਮੇਂ ਸਿਰ ਚੁਕਿਆ ਜਾ ਸਕੇ।
ਨਗਰ ਕੌਂਸਲ ਦੇ ਮੁਲਾਜ਼ਮ, ਲੋਕਾਂ ਨੂੰ ਲਗਾਤਾਰ ਪ੍ਰੇਰਿਤ ਕਰ ਰਹੇ ਨੇ ਕਿ, ਖਾਲੀ ਪਲਾਟਾਂ ਜਾਂ ਸਰਕਾਰੀ ਥਾਵਾਂ ‘ਤੇ ਕੂੜਾ ਨਾ ਸੁੱਟਿਆ ਜਾਵੇ।

ਇਸ ਤਹਿਤ ਸ਼ਹਿਰ ਵਾਸੀਆਂ ਨੂੰ ਗੀਲੇ ਅਤੇ ਸੁੱਕੇ ਕੂੜੇ ਦੀ ਵੱਖ-ਵੱਖ ਛਾਂਟ ਕਰਨ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਏ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ‘ਤੇ ਜੁਰਮਾਨਾ ਲਗਾਉਣ ਦੀ ਵਿਵਸਥਾ ਵੀ ਕੀਤੀ ਗਈ ਏ ਤਾਂ ਜੋ ਲੋਕ ਸਵੱਛਤਾ ਪ੍ਰਤੀ ਗੰਭੀਰ ਹੋਣ।

ਨਗਰ ਕੌਂਸਲ ਅਤੇ ਪ੍ਰਸ਼ਾਸਨ ਵੱਲੋਂ ਸ਼ਹਿਰ ਦੇ ਸਾਰੇ ਵਸਨੀਕਾਂ ਨੂੰ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਏ।

---------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਰਾਜਸਥਾਨ ਅਤੇ ਦਿੱਲੀ ਵਿੱਚ ਅੱਜ ਲਈ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦਾ ORANGE ALERT ਜਾਰੀ ਕੀਤਾ ਏ। ਮੌਸਮ ਵਿਭਾਗ ਨੇ ਅੱਜ ਅਤੇ ਕੱਲ੍ਹ ਲਈ ਜੰਮੂ-ਕਸ਼ਮੀਰ, ਲੱਦਾਖ, ਹਿਮਾਚਲ ਪ੍ਰਦੇਸ਼, ਉਤਰਾਖੰਡ, ਉੱਤਰ ਪ੍ਰਦੇਸ਼, ਪੱਛਮੀ ਰਾਜਸਥਾਨ ਅਤੇ ਉੱਤਰ-ਪੂਰਬੀ ਰਾਜਾਂ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ. ਵਿਭਾਗ ਨੇ ਕਿਹਾ ਏ ਕਿ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਅਤੇ ਰਾਜਸਥਾਨ ਵਿੱਚ ਅੱਜ ਸੀਤ ਲਹਿਰ ਦੀ ਸਥਿਤੀ ਜਾਰੀ ਰਹੇਗੀ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤੀ ਏ.ਆਈ. ਸਟਾਰਟਅੱਪਸ ਨਾਲ ਇੱਕ ਮੀਟਿੰਗ ਕੀਤੀ ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਆਮ ਲੋਕਾਂ ਦੀ ਆਵਾਜ਼ ਏ ।
- ਖੇਤੀਬਾੜੀ-ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਦੋ ਪੁਰਸਕਾਰਾਂ ਨਾਲ ਸਨਮਾਨਿਤ ਹੋਇਆ।
- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ 852 ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ 17 ਕਰੋੜ 44 ਲੱਖ ਰੁਪਏ ਤੋਂ ਵੱਧ ਫੰਡ ਜਾਰੀ ।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਰਾਜਸਥਾਨ ਅਤੇ ਦਿੱਲੀ ਵਿੱਚ ਅੱਜ ਲਈ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦਾ ORANGE ALERT ਜਾਰੀ ਕੀਤਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**